ਗਉੜੀ ਮਹਲਾ ੫ ॥ ਮਿਲਹੁ ਪਿਆਰੇ ਜੀਆ ॥ ਪ੍ਰਭ ਕੀਆ ਤੁਮਾਰਾ ਥੀਆ ॥੧ ॥ ਰਹਾਉ ॥ ਅਨਿਕ ਜਨਮ ਬਹੁ ਜੋਨੀ ਭ੍ਰਮਿਆ ਬਹੁਰਿ ਬਹੁਰਿ ਦੁਖੁ ਪਾਇਆ ॥ ਤੁਮਰੀ ਕ੍ਰਿਪਾ ਤੇ ਮਾਨੁਖ ਦੇਹ ਪਾਈ ਹੈ ਦੇਹੁ ਦਰਸੁ ਹਰਿ ਰਾਇਆ ॥੧ ॥ ਸੋਈ ਹੋਆ ਜੋ ਤਿਸੁ ਭਾਣਾ ਅਵਰੁ ਨ ਕਿਨ ਹੀ ਕੀਤਾ ॥ ਤੁਮਰੈ ਭਾਣੈ ਭਰਮਿ ਮੋਹਿ ਮੋਹਿਆ ਜਾਗਤੁ ਨਾਹੀ ਸੂਤਾ ॥੨ ॥ ਬਿਨਉ ਸੁਨਹੁ ਤੁਮ ਪ੍ਰਾਨਪਤਿ ਪਿਆਰੇ ਕਿਰਪਾ ਨਿਧਿ ਦਇਆਲਾ ॥ ਰਾਖਿ ਲੇਹੁ ਪਿਤਾ ਪ੍ਰਭ ਮੇਰੇ ਅਨਾਥਹ ਕਰਿ ਪ੍ਰਤਿਪਾਲਾ ॥੩॥ ਜਿਸ ਨੋ ਤੁਮਹਿ ਦਿਖਾਇਓ ਦਰਸਨੁ ਸਾਧਸੰਗਤਿ ਕੈ ਪਾਛੈ ॥ ਕਰਿ ਕਿਰਪਾ ਧੂਰਿ ਦੇਹੁ ਸੰਤਨ ਕੀ ਸੁਖੁ ਨਾਨਕੁ ਇਹੁ ਬਾਛੈ ॥੪॥੯॥੧੩੦॥ {ਪੰਨਾ 207}

ਪਦਅਰਥ:- ਪਿਆਰੇ ਜੀਆ—ਹੇ ਸਭ ਜੀਵਾਂ ਨਾਲ ਪਿਆਰ ਕਰਨ ਵਾਲੇ! ਪ੍ਰਭ—ਹੇ ਪ੍ਰਭੂ! ਥੀਆ—ਹੋ ਰਿਹਾ ਹੈ।1। ਰਹਾਉ।

ਭ੍ਰਮਿਆ—ਭਟਕਦਾ ਫਿਰਿਆ। ਬਹੁਰਿ ਬਹੁਰਿ—ਮੁੜ ਮੁੜ। ਤੇ—ਤੋਂ, ਨਾਲ। ਦੇਹ—ਸਰੀਰ।1।

ਤਿਸੁ—ਉਸ (ਪ੍ਰਭੂ) ਨੂੰ। ਭਾਣਾ—ਪਸੰਦ ਆਇਆ। ਕਿਨ ਹੀ—ਕਿਨਿ ਹੀ, ਕਿਸੇ ਨੇ ਹੀ। ਭਰਮਿ—ਭਰਮ ਵਿਚ। ਮੋਹਿ—ਮੋਹ ਵਿਚ।2।

ਬਿਨਉ—ਬੇਨਤੀ। ਪ੍ਰਾਨਪਤਿ—ਹੇ ਮੇਰੀ ਜਿੰਦ ਦੇ ਮਾਲਕ! ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ!।3।

ਨੋ—ਨੂੰ। ਤੁਮਹਿ—ਤੂੰ ਹੀ। ਕੈ ਪਾਛੈ—ਦੇ ਆਸਰੇ। ਧੂਰਿ—ਚਰਨ-ਧੂੜ। ਬਾਛੈ—ਮੰਗਦਾ ਹੈ, ਲੋੜਦਾ ਹੈ।4।

ਅਰਥ:- ਹੇ ਸਭ ਜੀਵਾਂ ਨਾਲ ਪਿਆਰ ਕਰਨ ਵਾਲੇ ਪ੍ਰਭੂ! ਮੈਨੂੰ ਮਿਲ। ਹੇ ਪ੍ਰਭੂ! (ਜਗਤ ਵਿਚ) ਤੇਰਾ ਕੀਤਾ ਹੀ ਵਰਤ ਰਿਹਾ ਹੈ (ਉਹੀ ਹੁੰਦਾ ਹੈ ਜੋ ਤੂੰ ਕਰਦਾ ਹੈਂ)।1। ਰਹਾਉ।

ਹੇ ਪ੍ਰਭੂ ਪਾਤਿਸ਼ਾਹ! (ਮਾਇਆ-ਗ੍ਰਸਿਆ ਜੀਵ) ਅਨੇਕਾਂ ਜਨਮਾਂ ਵਿਚ ਬਹੁਤ ਜੂਨੀਆਂ ਵਿਚ ਭਟਕਦਾ ਚਲਿਆ ਆਉਂਦਾ ਹੈ, (ਜਨਮ ਮਰਨ ਦਾ) ਦੁੱਖ ਮੁੜ ਮੁੜ ਸਹਾਰਦਾ ਹੈ। ਤੇਰੀ ਮਿਹਰ ਨਾਲ (ਇਸ ਨੇ ਹੁਣ) ਮਨੁੱਖਾ ਸਰੀਰ ਪ੍ਰਾਪਤ ਕੀਤਾ ਹੈ (ਇਸ ਨੂੰ ਆਪਣਾ) ਦਰਸਨ ਦੇਹ (ਤੇ ਇਸ ਦੀ ਵਿਕਾਰਾਂ ਵਲੋਂ ਰੱਖਿਆ ਕਰ)।1।

ਹੇ ਭਾਈ! ਜਗਤ ਵਿਚ ਉਹੀ ਕੁਝ ਬੀਤਦਾ ਹੈ, ਜੋ ਉਸ ਪਰਮਾਤਮਾ ਨੂੰ ਪਸੰਦ ਆਉਂਦਾ ਹੈ। ਕੋਈ

ਹੋਰ ਜੀਵ (ਉਸ ਦੀ ਰਜ਼ਾ ਦੇ ਉਲਟ ਕੁਝ) ਨਹੀਂ ਕਰ ਸਕਦਾ।

ਹੇ ਪ੍ਰਭੂ! ਜੀਵ ਤੇਰੀ ਰਜ਼ਾ ਅਨੁਸਾਰ ਹੀ ਮਾਇਆ ਦੀ ਭਟਕਣਾ ਵਿਚ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਸਦਾ ਮੋਹ ਵਿਚ ਸੁੱਤਾ ਰਹਿੰਦਾ ਹੈ ਤੇ ਇਸ ਨੀਂਦ ਵਿਚੋਂ ਸੁਚੇਤ ਨਹੀਂ ਹੁੰਦਾ।2।

ਹੇ ਮੇਰੀ ਜਿੰਦ ਦੇ ਪਤੀ! ਹੇ ਪਿਆਰੇ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਹੇ ਦਇਅਲ ਪ੍ਰਭੂ! ਤੂੰ (ਮੇਰੀ) ਬੇਨਤੀ ਸੁਣ। ਹੇ ਮੇਰੇ ਪਿਤਾ-ਪ੍ਰਭੂ! ਅਨਾਥ ਜੀਵਾਂ ਦੀ ਪਾਲਣਾ ਕਰ (ਇਹਨਾਂ ਨੂੰ ਵਿਕਾਰਾਂ ਦੇ ਹੱਲਿਆਂ ਤੋਂ) ਬਚਾ ਲੈ।3।

ਹੇ ਪ੍ਰਭੂ! ਜਿਸ ਭੀ ਮਨੁੱਖ ਨੂੰ ਤੂੰ ਆਪਣਾ ਦਰਸਨ ਦਿੱਤਾ ਹੈ, ਸਾਧ ਸੰਗਤਿ ਦੇ ਆਸਰੇ ਰੱਖ ਕੇ ਦਿੱਤਾ ਹੈ। (ਹੇ ਪ੍ਰਭੂ! ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਇਹ ਸੁਖ ਮੰਗਦਾ ਹੈ ਕਿ ਮੈਨੂੰ ਨਾਨਕ ਨੂੰ ਭੀ ਆਪਣੇ ਸੰਤ ਜਨਾਂ ਦੇ ਚਰਨਾਂ ਦੇ ਧੂੜ ਬਖ਼ਸ਼।4।9। 130।